# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ

# ਪ੍ਰੈਸ ਨੋਟ

## ਤਿਕਸ਼ਨ ਸੂਦ ਨੇ ਵਾਰਡ ਨੰ: 7 ਦਾ ਦੌਰਾ ਕਰਕੇ ਵਿਕਾਸ ਕਾਰਜਾਂ ਅਤੇ ਮੁਸ਼ਕਿਲਾਂ ਸਬੰਧੀ ਜਾਣਕਾਰੀ ਲਈ

ਹੁਸ਼ਿਆਰਪੁਰ 4 ਅਗਸਤ ਮੁੱਖ ਮੰਤਰੀ ਪੰਜਾਬ ਦੇ ਰਾਜਨੀਤਿਕ ਸਲਾਹਕਾਰ ਤਿਕਸ਼ਨ ਸੂਦ ਨੇ ਵਾਰਡ ਨੰਬਰ 7 ਵਿੱਚ ਕੀਤੇ ਜਾ ਰਹੇ ਵਿਕਾਸ ਕਾਰਜਾਂ ਅਤੇ ਮੁਸ਼ਕਲਾਂ ਸਬੰਧੀ ਜਾਣਕਾਰੀ ਲੈਣ ਲਈ ਵਾਰਡ ਨੰਬਰ 7 ਦੇ ਕੋਂਸਲਰ ਸ਼੍ਰੀਮਤੀ ਰਕੇਸ਼ ਸੂਦ ਨੂੰ ਨਾਲ ਲੈ ਕੇ ਦੋਰਾ ਕੀਤਾ। ਨਗਰ ਨਿਗਮ ਦੇ ਮੇਅਰ ਸ਼ਿਵ ਸੂਦ, ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿਪੱਲਾਂਵਾਲਾ, ਕਾਰਜਕਾਰੀ ਇੰਜੀਨੀਅਰ ਸਤੀਸ਼ ਸੈਣੀ ਵੀ ਇਸ ਮੋਕੇ ਤੇ ਉਹਨ੍ਹਾਂ ਦੇ ਨਾਲ ਸਨ।ਵਾਰਡ ਨੰਬਰ 7 ਦੇ ਸਰਸਵਤੀ ਵਿਹਾਰ ਦੇ ਵਾਸੀਆਂ ਨੇ ਨਗਰ ਨਿਗਮ ਵੱਲੋਂ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਕਰਕੇ ਉਹਨ੍ਹਾ ਦਾ ਧੰਨਵਾਦ ਕਰਦੇ ਹੋਏ ਸਰਸਵਤੀ ਵਿਹਾਰ ਦੀ ਇਕ ਗਲੀ ਨੂੰ ਪੱਕਾ ਕਰਵਾਉਣ ਸਬੰਧੀ ਬੇਨਤੀ ਕੀਤੀ ਜਿਸ ਤੇ ਤਿਕਸ਼ਨ ਸੂਦ ਨੇ ਮੇਅਰ ਸ਼ਿਵ ਸੂਦ ਨੂੰ ਮੋਕੇ ਤੇ ਹੀ ਗਲੀ ਪੱਕੀ ਕਰਨ ਸਬੰਧੀ ਲੋੜੀਦੀ ਕਾਰਵਾਈ ਕਰਨ ਲਈ ਕਿਹਾ। ਉਹਨ੍ਹਾਂ ਨੇ ਦਸਿੱਆ ਕਿ ਨਗਰ ਨਿਗਮ ਵੱਲੋਂ ਸ਼ਹਿਰ ਦੇ ਸਾਰੇ ਵਾਰਡਾਂ ਵਿੱਚ ਵਿਕਾਸ ਕਾਰਜ ਕਰਵਾਉਣ ਲਈ ਕਰੋੜਾਂ ਰੁਪਏ ਖਰਚ ਕੀਤੇ ਜਾ ਰਹੇ ਹਨ ਅਤੇ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਵਿੱਚ ਫੰਡਾਂ ਦੀ ਕੋਈ ਕੰਮੀ ਨਹੀ ਆਉਣ ਦਿੱਤੀ ਜਾਵੇਗੀ।

ਜਿਲ੍ਹਾ ਭਾਜਪਾ ਮਹਿਲਾ ਮੋਰਚਾ ਪ੍ਰਧਾਨ ਅਰਚਨਾ ਜੈਨ, ਤ੍ਰਿਸ਼ਲਾ ਸ਼ਰਮਾ, ਊਸ਼ਾ ਭੱਲਾ, ਮੰਜੂ ਸੈਣੀ, ਰਾਮਦੇਵ ਯਾਦਵ, ਸੰਜੀਵ ਸ਼ਰਮਾ, ਸਤੀਸ਼ ਸ਼ਰਮਾ, ਅਸ਼ੋਕ ਸ਼ਾਰਦਾ, ਰਜੇਸ਼ ਗੁਪਤਾ, ਯਸ਼ਪਾਲ ਸ਼ਰਮਾ ਅਤੇ ਸਰਸਵਤੀ ਵਿਹਾਰ ਦੇ ਨਿਵਾਸੀ ਵੀ ਇਸ ਮੋਕੇ ਤੇ ਹਾਜਰ ਸਨ।